Dispatch No. I/22288/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਸਬ ਡਵੀਜ਼ਨ ਮੈਜਿਸਟ੍ਰੇਟ ਫਰੀਦਕੋਟ ਵੱਲੋਂ ਫਰੀਦਕੋਟ ਸ਼ਹਿਰ ਵਿਖੇ ਸੀਵਰੇਜ ਦਾ ਕੰਮ ਸ਼ੁਰੂ ਕਰਨ ਦੀ ਸ਼ਰਤਾਂ ਸਹਿਤ ਪ੍ਰਵਾਨਗੀ

ਕਰਫਿਊ ਦੌਰਾਨ ਸਰਕਾਰੀ ਹਦਾਇਤਾਂ ਦੀ ਪਾਲਣਾ ਦੇ ਆਦੇਸ਼

ਫਰੀਦਕੋਟ 5 ਮਈ ( ) ਜਿਲ੍ਹਾ ਮੈਜਿਸਟ੍ਰੇਟ ਫਰੀਦਕੋਟ ਸ੍ਰੀ ਕੁਮਾਰ ਸੌਰਭ ਰਾਜ ਵੱਲੋਂ ਦਿੱਤੇ ਅਧਿਕਾਰਾਂ ਤਹਿਤ ਸਬ ਡਵੀਜਨ ਮੈਜਿਸਟ੍ਰੇਟ ਫਰੀਦਕੋਟ ਸ੍ਰੀ ਪਰਮਦੀਪ ਸਿੰਘ ਪੀ.ਸੀ.ਐਸ. ਨੇ ਪੰਜਾਬ ਜਲ ਸਪਲਾਈ ਤੇ ਸੀਵਰੇਜ਼ ਵਿਭਾਗ ਦੀ ਬੇਨਤੀ ਤੇ ਫਰੀਦਕੋਟ ਸ਼ਹਿਰ ਵਿੱਚ ਸੀਵਰੇਜ ਦਾ ਕੰਮ ਦੁਬਾਰਾ ਸ਼ੁਰੂ ਕਰਨ ਦੀ ਸ਼ਰਤਾਂ ਸਹਿਤ ਪ੍ਰਵਾਨਗੀ ਦਿੱਤੀ ਹੈ।

ਉਨ੍ਹਾਂ ਕਿਹਾ ਕਿ ਉਪ ਮੰਡਲ ਇੰਜੀਨੀਅਰ, ਪੰਜਾਬ ਵ/ਸ ਅਤੇ ਸੀਵਰੇਜ ਉਪ ਮੰਡਲ ਕੋਟਕਪੂਰਾ ਨੂੰ ਫਰੀਦਕੋਟ ਸ਼ਹਿਰ ਅੰਦਰ ਸੀਵਰੇਜ ਦਾ ਕੰਮ ਚਾਲੂ ਕਰਵਾਉਣ ਲਈ ਪ੍ਰਵਾਨਗੀ ਹੇਠ ਲਿਖੀਆਂ ਸ਼ਰਤਾਂ ਤੇ ਆਧਾਰ ਤੇ ਦਿੱਤੀ ਜਾਂਦੀ ਹੈ ਕਿ ਸੀਵਰੇਜ ਦਾ ਕੰਮ ਕਰਨ ਸਮੇਂ ਠੇਕੇਦਾਰ ਨਿਰਧਾਰਿਤ ਕਰੇਗਾ ਕਿ ਉਕਤ ਹੁਕਮਾਂ ਅਨੁਸਾਰ ਕਰਫਿਊ ਹੁਕਮਾਂ ਦੀ ਉਲੰਘਣਾ ਤਾਂ ਨਹੀਂ ਹੋ ਰਹੀ। ਸੀਵਰੇਜ ਦਾ ਕੰਮ ਕਰਦੇ ਸਮੇਂ ਲੇਬਰ ਵੱਲੋਂ ਸੋਸ਼ਲ ਡਿਸਟੈਸ (ਆਪਸੀ ਦੂਰੀ ਘੱਟ ਤੋਂ ਘੱਟ 2 ਮੀਟਰ ) ਬਣਾ ਕੇ ਰੱਖੀ ਜਾਵੇ। ਸੀਵਰੇਜ ਦਾ ਕੰਮ ਕਰਦੇ ਹੋਏ ਘੱਟ ਤੋਂ ਘੱਟ ਲੇਬਰ (ਜ਼ਰੂਰਤ ਅਨੁਸਾਰ) ਹੀ ਲਗਾਈ ਜਾਵੇ।ਸੀਵਰੇਜ ਦੇ ਚੱਲ ਰਹੇ ਕੰਮ ਵਾਲੀ ਸਾਈਡ ਤੇ ਸੈਨੇਟਾਈਜ਼ਰ ਅਤੇ ਮਾਸਕ ਦਾ ਪੂਰਾ ਪ੍ਰਬੰਧ ਠੇਕੇਦਾਰ ਕਰੇਗਾ। ਨਿਰਮਾਣ ਕਾਰਜ ਸੀਵਰੇਜ ਦੀ ਉਸਾਰੀ ਅਧੀਨ ਕੰਮ ਕਰ ਰਹੇ ਮਜ਼ਦੂਰਾਂ ਦੇ ਖਾਣ, ਪੀਣ ਅਤੇ ਰਹਿਣ ਦਾ ਪ੍ਰਬੰਧ ਠੇਕੇਦਾਰ ਕਰੇਗਾ ਅਤੇ ਮਜ਼ਦੂਰਾਂ ਦੀ ਸਵੱਛਤਾ ਦਾ ਖਾਸ ਧਿਆਨ ਰੱਖਿਆ ਜਾਵੇਗਾ।ਠੇਕੇਦਾਰ ਵੱਲੋਂ ਭਾਰਤ ਸਰਕਾਰ , ਪੰਜਾਬ ਸਰਕਾਰ ਅਤੇ ਡਿਪਟੀ ਕਮਿਸ਼ਨਰ ਫਰੀਦਕੋਟ ਵੱਲੋਂ ਸਮੇਂ ਸਮੇਂ ਤੇ ਜਾਰੀ ਹੋਈਆਂ ਹਦਾਇਤਾਂ ਦੀ ਪਾਲਣਾ ਇੰਨ ਬਿੰਨ ਯਕੀਨੀ ਬਣਾਈ ਜਾਵੇਗੀ।ਉਨ੍ਹਾਂ ਕਿਹਾ ਕਿ ਜੇਕਰ ਉਕਤ ਹਦਾਇਤਾਂ ਦੀ ਉਲੰਘਣਾ ਕੀਤੀ ਜਾਵੇਗੀ ਤਾਂ ਬਿਨਾਂ ਨੋਟਿਸ ਦਿੱਤੇ ਇਹ ਪ੍ਰਵਾਨਗੀ ਰੱਦ ਕਰ ਦਿੱਤੀ ਜਾਵੇਗੀ ਅਤੇ ਇਸ ਦੀ ਜਿੰਮੇਵਾਰੀ ਸਬੰਧਤ ਵਿਭਾਗ ਦੀ ਹੋਵੇਗੀ।

Dispatch No. I/22297/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਜਿਲ੍ਹਾ ਮੈਜਿਸਟ੍ਰੇਟ ਵੱਲੋਂ ਬੱਚਿਆਂ ਨੂੰ ਆਨ ਲਾਈਨ ਪੜ੍ਹਾਈ ਕਰਾਉਣ ਲਈ ਪ੍ਰਾਈਵੇਟ ਸਕੂਲਾਂ ਨੂੰ 10 ਮੈਂਬਰਾਂ ਦੇ ਸਟਾਫ, ਸ਼ਰਤਾਂ ਸਹਿਤ ਸਕੂਲ ਜਾਣ ਦੀ ਪ੍ਰਵਾਨਗੀ

ਸਵੇਰੇ 9 ਵਜੇ ਤੋਂ ਦੁਪਹਿਰ 1 ਵਜੇ ਤੱਕ ਸਟਾਫ ਲਈ ਸਕੂਲ ਖੋਲ੍ਹਣ ਦੀ ਪ੍ਰਵਾਨਗੀ

ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਸਕੂਲ ਜਾਣ ਦੀ ਇਜ਼ਾਜਤ ਨਹੀਂ

ਫਰੀਦਕੋਟ 5 ਮਈ ( ) ਜਿਲ੍ਹਾ ਮੈਜਿਸਟ੍ਰੇਟ ਸ੍ਰੀ ਕੁਮਾਰ ਸੌਰਭ ਰਾਜ ਆਈ.ਏ.ਐਸ. ਨੇ ਮਿਤੀ 23 ਮਾਰਚ 2020 ਤੋਂ ਜਿਲ੍ਹੇ ਵਿੱਚ ਲਗਾਏ ਕਰਫਿਊ ਦੀ ਲਗਾਤਾਰਤਾ ਵਿੱਚ ਜਿਲ੍ਹਾ ਫਰੀਦਕੋਟ ਦੀ ਹਦੂਦ ਅੰਦਰ ਪ੍ਰਾਈਵੇਟ ਸਕੂਲਾਂ ਦੇ ਪ੍ਰਿੰਸੀਪਲਾਂ ਨੂੰ 10 ਕਰਮਚਾਰੀਆਂ ਦੇ ਸਟਾਫ ਸਹਿਤ ਬੱਚਿਆਂ ਨੂੰ ਆਨ ਲਾਈਨ ਪੜ੍ਹਾਈ ਕਰਾਉਣ ਦੇ ਮੰਤਵ ਵਾਸਤੇ ਸੋਮਵਾਰ ਤੋਂ ਸ਼ਨੀਵਰ ਤੱਕ ਸਵੇਰੇ 9 ਵਜੇ ਤੋਂ ਬਾਅਦ ਦੁਪਹਿਰ 1 ਵਜੇ ਤੱਕ ਪ੍ਰਾਈਵੇਟ ਸਕੂਲ ਖੋਲ੍ਹਣ ਦੀ ਪ੍ਰਵਾਨਗੀ ਦਿੱਤੀ ਹੈ।

ਜਿਲ੍ਹਾ ਮੈਜਿਸਟ੍ਰੇਟ ਨੇ ਦੱਸਿਆ ਕਿ ਪ੍ਰਾਈਵੇਟ ਅਨਏਡਡ ਸਕੂਲ ਐਸੋਸੀਏਸ਼ਨ (ਸੀ.ਬੀ.ਐਸ.ਈ./ਆਈ.ਸੀ.ਐਸ.ਈ.) ਰਜਿਸਟਰਡ ਜਿਲ੍ਹਾ ਫਰੀਦਕੋਟ ਨੇ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਹੈ ਕਿ ਕੋਵਿਡ 19 ਦੀ ਮਹਾਂਮਾਰੀ ਕਾਰਨ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਸਾਰੇ ਸਕੂਲ ਬੰਦ ਪਏ ਹਨ। ਪਰੰਤੂ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਬੱਚਿਆਂ ਨੂੰ ਆਨਲਾਈਨ ਪੜ੍ਹਾਈ ਕਰਾਉਣ ਵਾਸਤੇ ਪਾਈਵੇਟ ਸਕੂਲਾਂ ਦੀ ਮੈਨੇਜਮੈਂਟਾਂ ਨੂੰ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ 50 ਪ੍ਰਤੀਸ਼ਤ ਸਟਾਫ ਨਾਲ ਸਕੂਲ ਖੋਲ੍ਹਣ ਦੀ ਪ੍ਰਵਾਨਗੀ ਦਿੱਤੀ ਜਾਵੇ। ਇਸ ਸਭ ਦੇ ਮੱਦੇਨਜ਼ਰ ਪ੍ਰਾਈਵੇਟ ਸਕੂਲਾਂ ਨੂੰ ਹੇਠ ਲਿਖੀਆਂ ਸ਼ਰਤਾਂ ਅਨੁਸਾਰ ਪ੍ਰਵਾਨਗੀ ਦਿੱਤੀ ਜਾਂਦੀ ਹੈ ਕਿ ਇਸ ਸਮੇਂ ਬੱਚੇ ਸਕੂਲ ਨਹੀਂ ਆਉਣਗੇ ਅਤੇ ਨਾ ਹੀ ਬੱਚਿਆਂ ਦੇ ਮਾਪਿਆਂ ਨੂੰ ਸਕੂਲ ਵਿਖੇ ਬੁਲਾਇਆ ਜਾਵੇਗਾ। ਸਕੂਲ ਪ੍ਰਬੰਧਕ ਨੂੰ ਸਕੂਲ ਖੋਲ੍ਹਣ ਸਮੇਂ ਕੋਵਿਡ-19 ਦੇ ਚੱਲਦੇ ਇਸ ਦਫਤਰ ਵੱਲੋਂ ਜਾਰੀ ਉਕਤ ਹੁਕਮਾਂ ਨੂੰ ਲਾਗੂ ਕਰਨਾ ਯਕੀਨੀ ਬਨਾਉਣਗੇ ਅਤੇ ਭਾਰਤ ਸਰਕਾਰ ਅਤੇ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਆਪਣੇ ਸਟਾਫ ਵਿੱਚ ਸਮਾਜਿਕ ਦੂਰੀ 2 ਮੀਟਰ ਬਣਾਈ ਰੱਖਣੀ ਯਕੀਨੀ ਬਨਾਉਣਗੇ।ਸਕੂਲ ਪ੍ਰਬੰਧਕ ਸਕੂਲ ਖੋਲ੍ਹਣ ਤੋਂ ਪਹਿਲਾਂ ਸਕੂਲ ਦੀ ਬਿਲਡਿੰਗ ਨੂੰ ਸੈਨੀਟਾਈਜ਼ ਕਰਾਉਣਗੇ ਅਤੇ ਆਪਣੇ ਸਟਾਫ ਲਈ ਮਾਸਕ, ਹੈਂਡ ਸੈਨੇਟਾਈਜ਼ਰ, ਗਲਬਜ਼ ਦਾ ਪ੍ਰਬੰਧ ਕਰਨਗੇ। ਸਕੂਲ ਪ੍ਰਬੰਧਕ ਉਕਤ ਸਮੇਂ ਦੌਰਾਨ ਆਨ ਲਾਈਨ ਪੜ੍ਹਾਈ ਸਬੰਧੀ ਹੀ ਕੰਮ ਕਰਨਗੇ। ਇਸ ਤੋਂ ਇਲਾਵਾ ਹੋਰ ਗਤੀਵਿਧੀ ਜਿਵੇਂ ਕਿ ਬੱਚਿਆਂ ਦੀ ਐਡਮਿਸ਼ਨ ਆਦਿ ਨਹੀਂ ਕੀਤੀ ਜਾਵੇਗੀ । ਉਲੰਘਣਾ ਦੀ ਸੂਰਤ ਵਿੱਚ ਜਾਂ ਸ਼ਿਕਾਇਤ ਪ੍ਰਾਪਤ ਹੋਣ ਤੇ ਸਕੂਲ ਪ੍ਰਬੰਧਕ ਵਿਰੁੱਧ ਕਾਨੂੰਨ ਦੀਆਂ ਸਬੰਧਤ ਧਾਰਾਵਾਂ ਤਹਿਤ ਲੋੜੀਂਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

**Dispatch No. :** I/22325/2020

ਦਫ਼ਤਰ ਜਿਲ੍ਹਾ ਲੋਕ ਸੰਪਰਕ ਅਫ਼ਸਰ, ਫਰੀਦਕੋਟ

ਬਾਹਰਲੇ ਸੂਬਿਆਂ ਨਾਲ ਸੰਬੰਧਿਤ 275 ਵਿਅਕਤੀਆਂ ਦੀ ਕੀਤੀ ਗਈ ਮੈਡੀਕਲ ਸਕਰੀਨਿੰਗ-ਸਿਵਲ ਸਰਜਨ

ਸਕਰੀਨਿੰਗ ਕਰਨ ਉਪਰੰਤ ਸੰਬੰਧਤ ਵਿਅਕਤੀਆਂ ਨੂੰ ਕੀਤੇ ਸਰਟੀਫਿਕੇਟ ਜਾਰੀ

ਫਰੀਦਕੋਟ 05 ਮਈ 2020 ( ) ਨੋਵਲ ਕੋਰੋਨਾ ਵਾਇਰਸ ਦੇ ਮੱਦੇਨਜ਼ਰ ਲਗਾਏ ਗਏ ਕਰਫਿਊ ਦੌਰਾਨ ਬਾਹਰਲੇ ਰਾਜਾਂ ਦੇ ਕਈ ਵਿਅਕਤੀ ਫਰੀਦਕੋਟ ਜ਼ਿਲੇ ਵਿੱਚ ਫਸੇ ਹੋਏ ਸਨ ਅਤੇ ਆਪਣੇ ਘਰ ਜਾਣ ਦੇ ਇਛੁੱਕ ਹਨ। ਇਸ ਸੰਬੰਧ ਵਿੱਚ ਡਿਪਟੀ ਕਮਿਸ਼ਨਰ, ਫਰੀਦਕੋਟ ਸ਼੍ਰੀ ਕੁਮਾਰ ਸੌਰਭ ਰਾਜ ਆਈ.ਏ.ਐਸ. ਦੇ ਦਿਸ਼ਾ ਨਿਰਦੇਸ਼ਾ ਤਹਿਤ ਅਜਿਹੇ ਵਿਅਕਤੀਆਂ ਨੂੰ ਵਾਪਿਸ ਭੇਜਣ ਸੰਬੰਧੀ ਕਾਰਵਾਈ ਅਧੀਨ ਇਹਨਾਂ ਵਿਅਕਤੀਆਂ ਦਾ ਮੈਡੀਕਲ ਚੈਕ-ਅੱਪ ਜ਼ਿਲੇ ਅਧੀਨ ਪੈਂਦੀਆਂ ਤਿੰਨੋ ਸਬ-ਡਵੀਜਨ ਹਸਪਤਾਲਾਂ ਜੈਤੋ, ਕੋਟਕਪੂਰਾ, ਫਰੀਦਕੋਟ ਵਿਖੇ ਮੈਡੀਕਲ ਸਕਰੀਨਿੰਗ ਦਾ ਪ੍ਰਬੰਧ ਕੀਤਾ ਗਿਆ ਹੈ। ਸਿਵਲ ਸਰਜਨ ਡਾਕਟਰ ਰਜਿੰਦਰ ਕੁਮਾਰ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਿਵਲ ਹਸਪਤਾਲ ਜੈਤੋ ਵਿਖੇ ਮੈਡੀਕਲ ਅਫਸਰ ਡਾ. ਪੁਨੀਤ ਵੱਲੋਂ ਅੱਜ ਤੱਕ 30 ਵਿਅਕਤੀਆਂ ਦੀ ਮੈਡੀਕਲ ਸਕਰੀਨਿੰਗ ਕੀਤੀ ਜਾ ਚੁੱਕੀ ਹੈ। ਕੋਟਕਪੂਰਾ ਹਸਪਤਾਲ ਵਿਖੇ ਡਾ. ਪੰਕਜ ਬਾਂਸਲ ਵੱਲੋਂ 50 ਵਿਅਕਤੀਆਂ ਦੀ ਮੈਡੀਕਲ ਸਕਰੀਨਿੰਗ ਕੀਤੀ ਗਈ ਹੈ ਅਤੇ ਫਰੀਦਕੋਟ ਦੇ ਸਿਵਲ ਹਸਪਤਾਲ ਵਿਖੇ ਸੀਨੀਅਰ ਮੈਡੀਕਲ ਅਫਸਰ ਡਾ. ਚੰਦਰ ਸ਼ੇਖਰ, ਮੈਡੀਕਲ ਅਫਸਰ ਡਾ. ਸੰਦੀਪ ਗੋਇਲ, ਡਾ. ਪੁਸ਼ਪਿੰਦਰ ਸਿੰਘ ਕੂਕਾ, ਡਾ. ਕਮਲਦੀਪ ਕੌਰ ਕੂਕਾ ਅਤੇ ਡਾ. ਕਵਿਤਾ ਜਿੰਦਲ ਵੱਲੋਂ 195 ਵਿਅਕਤੀਆਂ ਦੀ ਮੈਡੀਕਲ ਜਾਂਚ ਕਰਨ ਉਪਰੰਤ ਸਰਟੀਫਿਕੇਟ ਜਾਰੀ ਕੀਤੇ ਗਏ। ਇਸ ਮੌਕੇ ਮਾਸ ਮੀਡੀਆ ਅਫਸਰ ਡਾ. ਪ੍ਰਭਦੀਪ ਸਿੰਘ ਚਾਵਲਾ ਨੇ ਇਹਨਾਂ ਵਿਅਕਤੀਆਂ ਨੂੰ ਕੋਰੋਨਾ ਤੋਂ ਬਚਣ ਸੰਬੰਧੀ ਸਾਵਧਾਨੀਆਂ ਪ੍ਰਤੀ ਜਾਗਰੂਕ ਕੀਤਾ ਅਤੇ ਸਮਾਜਿਕ ਦੂਰੀ ਬਣਾਕੇ ਰੱਖਣ ਲਈ ਵੀ ਪ੍ਰੇਰਿਤ ਕੀਤਾ। ਇਸ ਮੌਕੇ ਮੈਡਮ ਟੀਨਾ, ਇੰਦਰਜੀਤ ਕੌਰ, ਸਟਾਫ ਨਰਸ ਜਸਵਿੰਦਰ ਕੌਰ ਅਤੇ ਰੇਡੀਓਗ੍ਰਾਫ਼ਰ ਲਖਵਿੰਦਰ ਸਿੰਘ ਸ਼ਾਮਲ ਸਨ।

ਵਿਅਕਤੀਆਂ ਦੀ ਮੈਡੀਕਲ ਸਕਰੀਨਿੰਗ ਮੌਕੇ ਐਸ.ਐਮ.ਓ. ਡਾ. ਚੰਦਰ ਸ਼ੇਖਰ ਕੱਕੜ, ਡਾ. ਸੰਦੀਪ ਗੋਇਲ ਅਤੇ ਬੀ.ਈ.ਈ ਡਾ. ਪ੍ਰਭਦੀਪ ਸਿੰਘ ਚਾਵਲਾ

**Dispatch No. :** I/22339/2020

ਦਫਤਰ ਜਿਲਾ ਲੋਕ ਸੰਪਰਕ ਅਫਸਰ, ਫਰੀਦਕੋਟ

ਜਿਲੇ ਦੀਆਂ ਮੰਡੀਆਂ ਵਿੱਚ ਕੱਲ ਸ਼ਾਮ ਤੱਕ 444375 ਮੀਟਰਕ ਟਨ ਕਣਕ ਦੀ ਆਮਦ ਹੋਈ

ਵੱਖ ਵੱਖ ਖਰੀਦ ਏਜੰਸੀਆਂ ਵੱਲੋਂ 444195 ਮੀਟਰਕ ਟਨ ਕਣਕ ਦੀ ਕੀਤੀ ਗਈ ਖਰੀਦ- ਡਿਪਟੀ ਕਮਿਸ਼ਨਰ

ਅੱਜ ਤੱਕ ਕਿਸਾਨਾਂ ਨੂੰ 56753 ਪਾਸ ਜਾਰੀ

ਫਰੀਦਕੋਟ 5 ਮਈ ( ) ਕੋਵਿਡ-19 ਮਹਾਂਮਾਰੀ ਦੀ ਰੋਕਥਾਮ ਲਈ ਲਗਾਏ ਗਏ ਕਰਫਿਊ ਦੇ ਚਲਦਿਆਂ ਪੰਜਾਬ ਸਰਕਾਰ ਵੱਲੋਂ ਕਣਕ ਦੀ ਖਰੀਦ ਲਈ ਅਤੇ ਮਹਾਂਮਾਰੀ ਨੂੰ ਅੱਗੇ ਵੱਧਣ ਤੋਂ ਰੋਕਣ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ ਅਤੇ ਕਿਸਾਨਾਂ ਨੂੰ ਜਾਰੀ ਕੀਤੇ ਜਾਂਦੇ ਪਾਸਾਂ ਰਾਹੀਂ ਜ਼ਿਲੇ ਦੇ ਖਰੀਦ ਕੇਂਦਰਾਂ ਵਿਚ ਕਣਕ ਦੀ ਆਮਦ, ਖਰੀਦ ਅਤੇ ਲਿਫਟਿੰਗ ਲਗਾਤਾਰ ਜਾਰੀ ਹੈ।ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਨੇ ਦਿੱਤੀ।

ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਮੰਡੀਆਂ ਵਿਚ ਕਣਕ ਦੀ ਸਾਫ ਸਫਾਈ ਤੋਲ, ਲਿਫਟਿੰਗ ਆਦਿ ਕੰਮਾਂ ਸਮੇਂ ਸਮਾਜਿਕ ਦੂਰੀ ਦਾ ਵਿਸੇਸ਼ ਖਿਆਲ ਰੱਖਿਆ ਜਾਵੇ ਅਤੇ ਹਰ ਸਮੇਂ ਮਾਸਕ ਪਹਿਨਿਆ ਜਾਵੇ।

ਇਸ ਮੌਕੇ ਜਿਲਾ ਖੁਰਾਕ ਤੇ ਸਪਲਾਈ ਕੰਟਰੋਲਰ ਸ੍ਰੀ ਜਸਪ੍ਰੀਤ ਸਿੰਘ ਕਾਹਲੋਂ ਨੇ ਦੱਸਿਆ ਕਿ ਜਿਲੇ ਦੀਆਂ ਮੰਡੀਆਂ ਵਿੱਚ ਕੱਲ ਸ਼ਾਮ ਤੱਕ 444375 ਮੀਟਰਕ ਟਨ ਕਣਕ ਦੀ ਆਮਦ ਹੋਈ ਹੈ ਜਿਸ ਵਿਚੋਂ ਖਰੀਦ ਏਜੰਸੀਆਂ ਵੱਲੋਂ 444195 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ। ਉਨਾਂ ਦੱਸਿਆ ਕਿ ਕੱਲ ਸ਼ਾਮ ਤੱਕ ਪਨਗ੍ਰੇਨ ਵੱਲੋਂ 138677 ਮੀਟਰਕ ਟਨ, ਮਾਰਕਫੈੱਡ ਵੱਲੋਂ 105363 ਮੀਟਰਕ ਟਨ, ਪਨਸਪ ਵੱਲੋਂ 99181 ਮੀਟਰਕ ਟਨ ,ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਵੱਲੋਂ 62929 ਮੀਟਰਿਕ ਟਨ ਅਤੇ ਐਫ ਸੀ ਆਈ ਵੱਲੋਂ 37245 ਮੀਟਰਿਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ ਅਤੇ 296085 ਮੀਟ੍ਰਿਕ ਟਨ ਕਣਕ ਦੀ ਲਿਫਟਿੰਗ ਹੋ ਚੁੱਕੀ ਹੈ।

ਡਿਪਟੀ ਜਿਲ੍ਹਾ ਮੰਡੀ ਅਫਸਰ ਸ੍ਰੀ ਗੌਰਵ ਗਰਗ ਨੇ ਦੱਸਿਆ ਕਿ ਮੰਡੀਆ ਵਿੱਚ ਕਣਕ ਲਿਆਉਣ ਲਈ ਹੁਣ ਤੱਕ 56753 ਕਿਸਾਨਾਂ ਨੂੰ ਪਾਸ ਜਾਰੀ ਕੀਤੇ ਜਾ ਚੁੱਕੇ ਹਨ ਤੇ ਉਨ੍ਹਾਂ ਨੂੰ ਮੰਡੀਆਂ ਵਿੱਚ ਆਪਣੀ ਫਸਲ ਲਿਆਉਣ ਵਿੱਚ ਕੋਈ ਦਿੱਕਤ ਨਹੀਂ ਆ ਰਹੀ।

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

## ਹਜ਼ੂਰ ਸਾਹਿਬ ਤੋਂ ਫਰੀਦਕੋਟ ਪਹੁੰਚੇ 130 ਸ਼ਰਧਾਲੂਆਂ ਚੋਂ 37 ਪਾਜ਼ੇਟਿਵ 71 ਨੈਗੇਟਿਵ 22 ਦੀ ਰਿਪੋਰਟ ਪੈਂਡਿਗ-ਸਿਵਲ ਸਰਜਨ

ਜ਼ਿਲੇ ਦੇ ਤੀਸਰੇ ਕੋਰੋਨਾ ਪਾਜ਼ੇਟਿਵ ਦੀ ਰਿਪੋਰਟ ਆਈ ਨੈਗੇਟਿਵ ਕਲਸਟਰ ਜਾਨ ਖੋਲਣ ਦੀ ਤਿਆਰੀ

ਫਰੀਦਕੋਟ 5 ਮਈ, 2020 ( ) ਸਿਹਤ ਵਿਭਾਗ ਵੱਲੋਂ ਕੋਵਿਡ-19 ਦੇ ਸਬੰਧ ਵਿੱਚ ਸ਼ੱਕੀ ਮਰੀਜ਼ਾਂ ਦੀ ਭਾਲ ਲਈ ਜ਼ਿਲੇ ਵਿੱਚ ਸਥਾਪਿਤ ਫਲੂ ਕਾਰਨਾਰ ਅਤੇ ਬਾਹਰਲੇ ਸੂਬਿਆਂ ਤੋਂ ਆਏ ਵਿਅਕਤੀਆਂ ਦਾ ਇਕਾਂਤਵਾਸ ਸੈਂਟਰਾਂ ਵਿੱਚ ਮੈਡੀਕਲ ਸਕਰੀਨਿੰਗ ਅਤੇ ਕੋਵਿਡ-19 ਦੇ ਸੈਂਪਲ ਲੈਣ ਦਾ ਕੰਮ ਚੱਲ ਰਿਹਾ ਹੈ ਅਤੇ ਹਰ ਪਿੰਡ-ਕਸਬੇ ਵਿੱਚ ਘਰ-ਘਰ ਸਰਵੇ ਦਾ ਕੰਮ ਵੀ ਜਾਰੀ ਹੈ।

ਸਿਵਲ ਸਰਜਨ ਫਰੀਦਕੋਟ ਡਾ.ਰਜਿੰਦਰ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਫਰੀਦਕੋਟ ਵਿਖੇ ਪ੍ਰਾਪਤ ਸੈਂਪਲਾਂ ਵਿੱਚੋਂ ਹਜ਼ੂਰ ਸਾਹਿਬ ਤੋਂ ਫਰੀਦਕੋਟ ਪਹੁੰਚੇ 130 ਸ਼ਰਧਾਲੂਆਂ ਚੋਂ 37 ਪਾਜ਼ੇਟਿਵ 71 ਨੈਗੇਟਿਵ 22 ਦੀ ਰਿਪੋਰਟ ਪੈਂਡਿਗ ਹੈ ਅਤੇ ਹੋਰ ਆਏ ਨਤੀਜਿਆਂ ਵਿੱਚ 4 ਰਾਜਸਥਾਨ ਤੋਂ ਪਰਤੇ ਮਜਦੂਰਾਂ ਦੀ ਰਿਪੋਰਟ ਵੀ ਪਾਜ਼ੇਟਿਵ ਆਈ ਹੈ। ਇਹਨਾਂ ਪਾਜ਼ੇਟਿਵ ਆਏ ਮਰੀਜ਼ਾਂ ਨੂੰ ਸਥਾਨਕ ਜੀ.ਜੀ.ਐਸ ਮੈਡੀਕਲ ਹਸਪਤਾਲ ਵਿਖੇ ਆਈਸੋਲੇਸ਼ਨ ਵਾਰਡ ਵਿੱਚ ਇਲਾਜ ਲਈ ਦਾਖਲ ਕਰਵਾਇਆ ਗਿਆ ਹੈ।ਹੁਣ ਜ਼ਿਲੇ ਫਰੀਦਕੋਟ ਦੇ ਕੁੱਲ ਕੋਰੋਨਾ ਪਾਜ਼ੇਟਿਵ ਐਕਟਿਵ ਕੇਸ 44 ਹਨ।ਜ਼ਿਲੇ ਦੇ ਤੀਸਰੇ ਪਾਜ਼ੇਟਿਵ ਮਰੀਜ਼ ਦਾ ਸੈਂਪਲ ਜੋ ਅਮ੍ਰਿਤਸਰ ਲੈਬ ਵਿਚ ਟੈਸਟ ਲਈ ਭੇਜਿਆ ਗਿਆ ਸੀ ਉਸ ਦੀ ਰਿਪੋਰਟ ਨੈਗੇਟਿਵ ਆ ਗਈ ਹੈ ।ਉਨ੍ਹਾਂ ਹੋਰ ਦੱਸਿਆ ਕਿ ਕਲਸਟਰ ਜਾਨ ਮਿਸਤਰੀਆਂ ਵਾਲੀ ਗਲੀ ਜਲਦ ਖੋਲਣ ਦੀ ਤਿਆਰੀ ਹੈ ਅਤੇ ਉਸ ਮਰੀਜ਼ ਨੂੰ ਮੈਡੀਕਲ ਹਸਪਤਾਲ ਤੋਂ ਹੁਣ ਡਿਸਚਾਰਜ ਕਰ ਦਿੱਤਾ ਜਾਵੇਗਾ।ਬਾਹਰਲੇ ਸੂਬਿਆਂ ਤੋਂ ਆਏ ਕਰੀਬ 1154 ਵਿਅਕਤੀਆਂ ਅਤੇ ਜ਼ਿਲੇ ਵਿੱਚ ਆਮ ਲੋਕਾਂ ਲਈ ਸਥਾਪਿਤ ਫਲੂ ਕਾਰਨਰ ਤੇ ਕੋਰੋਨਾ ਦੇ ਅੱਜ ਤੱਕ ਕੁੱਲ 1856 ਸੈਂਪਲ ਇਕੱਤਰ ਕਰ ਲੈਬ ਵਿੱਚ ਭੇਜੇ ਜਾ ਚੁੱਕੇ ਹਨ। ਡਾ.ਰਜਿੰਦਰ ਨੇ ਦੱਸਿਆ ਕਿ ਸਰਕਾਰ ਦੇ ਉਪਰਾਲੇ ਸਦਕਾਂ ਹੁਣ ਸੈਂਪਲਿੰਗ ਦੇ ਨਤੀਜਿਆਂ ਵਿੱਚ ਤੇਜੀ ਲਿਆਉਣ ਲਈ ਪ੍ਰਾਈਵੇਟ ਲਾਲ ਪੈਥ ਲੈਬ ਨਾਲ ਗੱਠਜੋੜ ਕਰ ਲਿਆ ਗਿਆ ਹੈ।ਡਾ.ਰਜਿੰਦਰ ਨੇ ਕਿਹਾ ਕਿ ਡਿਪਟੀ ਕਮਿਸ਼ਨਰ ਫਰੀਦਕੋਟ ਕੁਮਾਰ ਸੌਰਭ ਰਾਜ ਆਈ.ਏ.ਐਸ ਦੀ ਯੋਗ ਅਗਵਾਈ ਹੇਠ ਬਾਹਰਲੇ ਸੂਬੇ ਤੋਂ ਆਏ ਵਿਅਤਕਤੀਆਂ ਲਈ ਵਿਸ਼ੇਸ਼ ਇਕਾਂਤਵਾਸ ਸੈਂਟਰਾਂ ਵਿੱਚ ਰਹਿਣ ਸਹਿਣ,ਖਾਣ-ਪੀਣ, ਮੈਡੀਕਲ ਜਾਂਚ ਅਤੇ ਸੈਂਪਲ ਇਕੱਤਰ ਕਰਨ ਦਾ ਪ੍ਰਬੰਧ ਵੀ ਕੀਤਾ ਗਿਆ ਹੈ।ਇਹਨਾਂ ਪ੍ਰਬੰਧਾਂ ਲਈ ਵੱਖ-ਵੱਖ ਅਧਿਕਾਰੀਆਂ ਦੀ ਡਿਊਟੀ ਵੀ ਲਗਾਈ ਗਈ ਹੈ।ਉਨਾਂ ਸਮੂਹ ਸਿਹਤ ਵਿਭਾਗ ਦੇ ਫੀਲਡ ਸਟਾਫ, ਬਲਾਕ ਐਜੂਕੇਟਰਾਂ ਅਤੇ ਪੰਚਾਇਤਾਂ ਨੂੰ ਅਪੀਲ ਕੀਤੀ ਕਿ ਆਪਸੀ ਤਾਲਮੇਲ ਕਰਕੇ ਬਾਹਰਲੇ ਸੂਬਿਆਂ ਤੋਂ ਆਏ ਵਿਅਕਤੀਆਂ ਨੂੰ ਇਕਾਂਤਵਾਸ ਸੈਂਟਰਾਂ ਵਿੱਚ ਪਹੁੰਚਾਉਣ ਲਈ ਉਪਰਾਲੇ ਕੀਤੇ ਜਾਣ।ਕਿਸੇ ਵੀ ਕਿਸਮ ਦੀ ਜਾਣਕਾਰੀ ਲਈ ਜ਼ਿਲੇ ਦੀਆਂ ਸਿਹਤ ਸੰਸਥਾਵਾਂ ਦੇ ਸੀਨੀਅਰ ਮੈਡੀਕਲ ਅਫਸਰਾਂ ਨਾਲ ਵੀ ਸੰਪਰਕ ਕੀਤਾ ਜਾ ਸਕਦਾ ਹੈ।ਕੋਵਿਡ-19 ਦੇ ਜ਼ਿਲਾ ਨੋਡਲ ਅਫਸਰ ਡਾ.ਮਨਜੀਤ ਕ੍ਰਿਸ਼ਨ ਭੱਲਾ ਨੇ ਕਿਹਾ ਕਿ ਜੇ ਇਸੇ ਤਰਾਂ ਹੀ ਜ਼ਿਲਾ ਨਿਵਾਸੀ ਸਿਹਤ ਵਿਭਾਗ ਅਤੇ ਪ੍ਰਸ਼ਾਸਨ ਦੁਆਰਾ ਜਾਰੀ ਹਦਾਇਤਾ ਅਤੇ ਸਾਵਧਾਨੀਆਂ ਦਾ ਪਾਲਣ ਕਰਨ ਅਤੇ ਸਰਕਾਰ ਦਾ ਸੁਨੇਹਾ ਘਰ ਰਹੋ, ਸੁਰੱਖਿਅਤ ਰਹੋ ਤੇ ਅਮਲ ਕਰਨ ਤਾਂ ਕੋਰੋਨਾ ਬਿਮਾਰੀ ਤੇ ਅਸੀਂ ਬਹੁਤ ਜਲਦ ਕਾਬੂ ਪਾਉਣ ਵਿੱਚ ਸਫਲ ਹੋ ਜਾਵਾਂਗੇ।